CFOs to be blamed for most frauds, says Sebi member

CHIEF FINANCIAL OFFICERS are responsible for most of the frauds that have been witnessed in India, a senior official from Sebi said on Friday, citing an analysis done by the capital markets regulator.

The role of the CFOs extends much beyond keeping accounts of the business, and Sebi looks at them as "critical gatekeepers for ensuring the integrity of the market", its whole time member SK Mohanty said.

"In retrospect, on the basis of the analysis we have done, many of the frauds could have been prevented if CFO would have acted as the first level of check to these activities of the management," he said, addressing a CFO summit organised by industry lobby Ficci.

"...most of the frauds have taken place because of financial statement manipulations, which is the domain of the CFOs," Mohanty added. Sebi has also started a dedicated department to prevent frauds and has drawn on internal talent who have completed chartered accountancy, he said. – **PTI**

TOTAL METAL HAUL OF 42 IN THREE CATEGORIES

Leo Burnett India wins big as Goafest comes to a close

AKANKSHA NAGAR
Goa, May 26

DAY THREE OF the Goafest 2023 ABBY Awards ended with Leo Burnett winning the second Grand Prix this year under the category of brand activation and promotions.

The agency had the biggest haul of metals, a total of 42, under three categories. It was named the Creative Agency of the Year, a category under which it won a total of 24 metals, including 5 gold, 9 silver, 4 bronze, and 6 merit. The agency was also named the Branded Content & Entertainment Specialist Agency of the year, for which it won a total of 7 metals, including 2 gold, 3 silver, and 2 bronze.

As the Brand Activation & Promotions Specialist Agency of the Year, it took home a total of 11 metals, including one and the only grand prix won at the night, 2 gold, 2 silver, and 6 bronze. Good Morning Films was named the Video Craft Specialist of the Year for which the agency pocketed 20 metals, including 5 gold, 6 silver, 5 bronze and 4 merit. There were a total of 1,145 entries for the 15 categories (including Young ABBY, Young Maverick, audio, video craft, branded content, and brand activation), of which 407 were shortlisted and 230 got the metals — 1 Grand Prix, 33 gold, 87 silver, 109 bronze — and 86 merit. Last year, there were 1,118 entries and 198 metals were awarded.

Three new categories were added including audio-visual below 1 minute, above 1 minute and Young Maverick. The Young Maverick category received 22 entries, out of which 14 were shortlisted and 6 made the mark.

"For the first time, we have a spotlight on people rather than only the work. In Young Abby, to promote young talent, we give theoretical briefs and people work on those. Anyone who is 30 years or below and has created work that all of us can celebrate, the spotlight would be on that person," said Ajay Kakar, managing committee member, The Advertising Club & Co-chair, The ABBYs Award Governing Council. A few categories were extended this year, including print becoming print still and still digital and radio changing into audio to encompass podcasts.

Nakita Niyogi from Cheil Worldwide was awarded the Young ABBY Award, silver for her work on The Metaverse; Ansh Agarwal and Inderjeet Singh from Havas Worldwide won merit under the same category. Under Young Maverick, there were Vasundha Roy, Abhijith SS, and Amaljith P, from McCann Worldgroup India, who won a gold for the brand Ujjivan Small Finance Bank.

HOW THEY STACK UP

Specialist Agency of The Year Award

Category / Agency	Grand Prix	Gold	Silver	Bronze	Merit	Total Metals	Points
Creative							
Leo Burnett India	-	5	9	4	6	24	122
Branded Content & Entertainment							
Leo Burnett India	-	2	3	2	-	7	42
Brand Activation & Promotions							
Leo Burnett India	1	2	2	6	-	11	64
Video Craft							
Good Morning Films	-	5	6	5	4	20	104

GOAFEST

Court relief for Rapido against Delhi order

THE DELHI HIGH court sought the stand of the city government on Friday on a plea moved by Rapido, challenging a law that excludes two-wheelers from being registered as "transport vehicles", and directed that no coercive action be taken against the bike-taxi aggregator in this regard for the time being.

The court ordered that no coercive steps shall be taken by the authorities here against Rapido bike-taxi and its riders until the requisite regulation to regulate the operation of bike-taxis is notified, said Rapido's lawyer Abhishek Awasthi, senior partner at the AZB and Partners law firm. A similar order granting protection from coercive action for plying bike-taxis in Delhi was also passed by the court on a petition filed by Uber.

In its petition, Roppen Transportation Services Private, which runs Rapido, has said a Delhi government order directing it to immediately stop plying non-transport two-wheelers from carrying passengers on hire-and-reward or for commercial purposes was passed without any reason or rationale. – **PTI**

Development of salt caverns as petroleum reserves in the works

SUKALP SHARMA
New Delhi, May 26

INDIA IS EXPLORING the idea of developing salt caverns in Rajasthan as strategic petroleum reserves and public sector consultancy company Engineers India (EIL) has been tasked with studying its prospects and feasibility.

According to EIL's CMD Vartika Shukla, the company's recent partnership with Germany's DEEP.KBB GmbH is in line with the objective as neither EIL nor any other Indian company has the requisite technical knowhow, which the German company has.

The country has three strategic petroleum reserves at Mangaluru, Padur, and Visakhapatnam, but all of these are made up of excavated rock caverns. Over the past decade, while there were plans to build a strategic oil reserve in Rajasthan's Bikaner, the project never really took off. Shukla said that examining the possibility of salt cavern-based strategic storage in Rajasthan can be seen as a renewal of that proposal.

Unlike rock caverns, which are developed through excavation, salt caverns are developed by pumping water into geological formations with large salt deposits to dissolve the salt. The salt cavern is then created by draining out the salt dissolved in water. Developing salt caverns is said to be easier, faster, less labour-intensive and cheaper than building a rock cavern.

"There are formations in geology which have salt inside. The salt has to be taken out and then the caverns have to be prepared for storage of crude. Majority of the caverns in the south in America, in the Houston area, are all salt caverns. EIL and Indian companies do not have the technology for preparing salt formations underground for cavern storage of crude. We have done this alliance to get this technology into the country," Shukla said.

ਪਬਲਿਕ ਲਾਇਬ੍ਰੇਰੀ ਖਾਲੀ ਕਰਨ ਲਈ ਨਿਗਮ ਦੇ ਆਏ ਨੋਟਿਸ ਖਿਲਾਫ਼ ਸ਼ਹਿਰ ਵਾਸੀਆਂ ਵਿੱਚ ਰੋਸ, ਰਾਜਨੀਤਿਕ ਆਗੂਆਂ ਨੇ ਕਿਹਾ ਨਹੀਂ ਖ਼ਾਲੀ ਹੋਣ ਦੇਵਾਂਗੇ ਲਾਇਬ੍ਰੇਰੀ

ਮੁੱਖ ਮੰਤਰੀ ਲਾਏਬ੍ਰੇਰੀ ਖਾਲੀ ਕਰਨ ਦੇ ਮਾਮਲੇ 'ਚ ਦੇਣ ਦਖਲ, ਨਿਗਮ ਦੇ ਡਿਕਟੇਟਰ ਕਮਿਸ਼ਨਰ ਖ਼ਿਲਾਫ਼ ਕਰਨ ਕਾਰਵਾਈ : ਕਾ. ਅਰਸੀ



ਅਨਿਲ ਵਰਮਾ

ਬਠਿੰਡਾ 26 ਮਈ : ਨਗਰ ਨਿਗਮ ਵੱਲੋਂ ਸ਼ਹਿਰ ਵਿਚ ਸਥਿਤ ਇਤਿਹਾਸਕ ਪਬਲਿਕ ਲਾਇਬਰੇਰੀ ਨੂੰ ਖਾਲੀ ਕਰਨ ਲਈ ਨੋਟਿਸ ਜਾਰੀ ਕੀਤੇ ਗਏ ਹਨ ਅਤੇ ਇਹ ਸ਼ਹਿਰ ਵਿਚ ਸੋਸ਼ਲ ਮੀਡੀਆ ਦੇ ਜਾਰੀ ਹੋਣ ਬਾਅਦ ਸ਼ਹਿਰ ਵਾਸੀਆ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ, ਰਾਜਨੀਤਿਕ ਆਗੂਆਂ ਵੱਲੋਂ ਵੀ ਨਿਗਮ ਦੀ ਇਸ ਕਾਰਵਾਈ ਦਾ ਵਿਰੋਧ ਕੀਤਾ ਜਾ ਰਿਹਾ ਹੈ ।। ਅੱਜ ਵੱਡੀ ਗਿਣਤੀ ਵਿਚ ਵੱਖ ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂ, ਸ਼ਹਿਰ ਵਾਸੀ, ਬੁੱਧੀਜੀਵੀ ਅਤੇ ਲੇਖਕ ਇਕੱਠੇ ਹੋਏ ਅਤੇ ਉਨਾਂ ਵੱਲੋਂ ਨਿਗਮ ਵੱਲੋਂ ਲਾਇਬਰੇਰੀ ਨੂੰ ਖਾਲੀ ਕਰਨ ਦੀ ਜਾਰੀ ਕੀਤੇ ਕਰਦੇ ਹੋਏ ਇਸ ਨੂੰ ਵਾਪਸ ਲੈਣ,ਪਬਲਿਕ ਲਾਇਬ੍ਰੇਰੀ ਦੀ ਡੀਲ ਨੂੰ ਰਿਨਿਊ ਕਰਨ ਦੀ ਮੰਗ ਕੀਤੀ ਅਤੇ ਚਿਤਾਵਨੀ ਦਿੱਤੀ ਕਿ ਜੇਕਰ ਨਗਰ ਨਿਗਮ ਵੱਲੋਂ ਇਸ ਕਾਰਵਾਈ ਨੂੰ ਬੰਦ ਨਾ ਕੀਤਾ ਗਿਆ ਤਾਂ ਉਹ ਸੰਘਰਸ਼ ਲਈ ਮਜਬੂਰ ਹੋਣਗੇ। । ਇਸ ਮੌਕੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਅਰਸ਼ੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸਾਫ਼ ਲਫ਼ਜ਼ਾਂ ਵਿਚ ਕਿਹਾ ਕਿ ਨਿਗਮ ਦੇ ਡਿਕਟੇਟਰ ਕਮਿਸ਼ਨਰ ਵੱਲੋਂ ਇਕ ਵਿਅਕਤੀ-ਵਿਸ਼ੇਸ਼ ਦੇ ਇਸ਼ਾਰਿਆਂ ਤੇ ਕਾਰਵਾਈ ਨੂੰ ਅੰਜਾਮ ਦਿੱਤਾ ਜਾ ਰਿਹਾ ਹੈ ਜੋ ਠੀਕ ਨਹੀਂ। । ਉਨ੍ਹਾਂ ਕਿਹਾ ਕਿ ਇਸ ਮਾਮਲੇ ਨੂੰ ਲੈ ਕੇ ਉਹ ਮੁੱਖ ਮੰਤਰੀ ਭਗਵੰਤ ਮਾਨ ਤੱਕ ਪਹੁੰਚ ਕਰਨਗੇ ਅਤੇ ਮੰਗ ਕਰਦੇ ਹਨ ਕਿ ਇਸ ਮਾਮਲੇ ਵਿਚ ਖੁਦ ਦਖਲ ਦੇਣ ਅਤੇ ਪਬਲਿਕ ਲਾਇਬਰੇਰੀ ਦੀ ਡੀਲ ਜੋ ਸਦੀਆਂ ਤੋਂ ਚੱਲ ਰਹੀ ਹੈ ਉਸ ਨੂੰ ਅੱਗੇ ਵਧਾਉਣ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਡਿਕਟੇਟਰ ਚਲਾਉਣ ਵਾਲੇ ਕਮਿਸ਼ਨਰ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਰਾਜਨ ਗਰਗ ਨੇ ਵੀ ਨਿਗਮ ਦੇ ਫੈਸਲੇ ਦਾ ਵਿਰੋਧ ਕਰਦਿਆਂ ਇਸ ਨੂੰ ਕਾਂਗਰਸ ਦੇ ਸਮੂੰਹ ਕੌਂਸਲਰਾਂ ਰਾਹੀਂ ਵਿਚਾਰਨ ਅਤੇ ਇਸ ਫੈਸਲੇ ਨੂੰ ਰੱਦ ਕਰਵਾਉਣ ਲਈ ਬਣਦੀ ਕਾਰਵਾਈ ਕਰਨ ਦੀ ਗੱਲ ਕਹੀ। ਨਿਗਮ ਦੇ ਜਾਰੀ ਨੋਟਿਸ ਦਾ ਵਿਰੋਧ ਹੋਣ ਤੋਂ ਬਾਅਦ ਨਿਗਮ ਦੇ ਨਿਗਰਾਨ ਇੰਜਨੀਅਰ ਵਲੋਂ ਵੀ ਇਸ ਮਾਮਲੇ ਤੇ ਸਫਾਈ ਦੇਣ ਦੀ ਕੋਸ਼ਿਸ਼ ਕੀਤੀ ਗਈ ਹੈ ਪ੍ਰੰਤੂ ਆਉਂਦੇ ਦਿਨਾਂ ਵਿਚ ਇਹ ਮਾਮਲਾ ਕੀ ਰੂਪ ਅਖ਼ਤਿਆਰ ਕਰਦਾ ਹੈ ਦੇਖਣਾ ਹੋਵੇਗਾ।

ਏਡੀਸੀ ਵੱਲੋਂ ਦਫ਼ਤਰੀ ਸਮੇਂ ਤੋਂ ਲੇਟ ਆਏ 11 ਕਰਮਚਾਰੀਆਂ ਦੀ ਜਵਾਬਤਲਬੀ

ਬਲਕਾਰ ਸਿੰਘ ਬੱਲ

ਨਵਾਂਸ਼ਹਿਰ, 26 ਮਈ: ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ ਨੇ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਦੀਆਂ ਹਦਾਇਤਾਂ 'ਤੇ ਸਰਕਾਰੀ ਦਫ਼ਤਰਾਂ 'ਚ ਸਮੇਂ ਸਿਰ ਹਾਜ਼ਰੀ ਨੂੰ ਯਕੀਨੀ ਬਣਾਉਣ ਲਈ ਅੱਜ ਸਵੇਰੇ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ 'ਚ ਸਥਿਤ ਦਫ਼ਤਰਾਂ ਦੀ ਪੜਤਾਲ ਕੀਤੀ। ਵਧੀਕ ਡਿਪਟੀ ਕਮਿਸ਼ਨਰ ਨੇ ਪੜਤਾਲ ਦੌਰਾਨ ਵੱਖ-ਵੱਖ ਵਿਭਾਗਾਂ ਦੇ 11 ਕਰਮਚਾਰੀਆਂ ਨੂੰ ਦਫ਼ਤਰਾਂ ਲਈ ਮਿੱਥੇ ਸਮੇਂ ਤੋਂ ਲੇਟ ਆਇਆ ਪਾਇਆ। ਉਨ੍ਹਾਂ ਨੇ ਸਮੇਂ ਸਿਰ ਦਫ਼ਤਰ ਹਾਜ਼ਰ ਨਾ ਮਿਲੇ ਇਨ੍ਹਾਂ ਕਰਮਚਾਰੀਆਂ ਦੀ ਜੁਆਬਤਲਬੀ ਕਰਦਿਆਂ, ਉਨ੍ਹਾਂ ਪਾਸੋਂ ਸਮੇਂ ਸਿਰ ਦਫ਼ਤਰ ਨਾ ਆਉਣ ਦੇ ਕਾਰਨ ਪੁੱਛੇ ਹਨ। ਉਨ੍ਹਾਂ ਕਿਹਾ ਕਿ ਜੁਆਬ ਸੰਤੋਖਜਨਕ ਨਾ ਪਾਏ ਜਾਣ 'ਤੇ ਇਨ੍ਹਾਂ ਦੇ ਪਿੱਤਰੀ ਵਿਭਾਗਾਂ ਨੂੰ ਅਗਲੇਰੀ ਕਾਰਵਾਈ ਲਈ ਲਿਖਿਆ ਜਾਵੇਗਾ। ਏ ਡੀ ਸੀ ਰਾਜੀਵ ਵਰਮਾ ਵੱਲੋਂ ਜਿਨ੍ਹਾਂ ਵਿਭਾਗਾਂ ਦੇ ਕਰਮਚਾਰੀ ਲੇਟ ਆਏ ਪਾਏ ਗਏ, ਉਨ੍ਹਾਂ 'ਚ ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਦਫ਼ਤਰ, ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਦਫ਼ਤਰ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਅਤੇ ਦਫ਼ਤਰ ਜ਼ਿਲ੍ਹਾ ਬਾਲ ਰੱਖਿਆ ਅਫ਼ਸਰ ਸ਼ਾਮਿਲ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਮਾਨ ਵੱਲੋਂ ਦਫ਼ਤਰੀ ਸਮੇਂ 'ਚ ਕੀਤੀ ਤਬਦੀਲੀ ਦਾ ਮੰਤਵ ਗਰਮੀ ਦੇ ਮੌਸਮ 'ਚ ਬਿਜਲੀ ਬਚਾਉਣ ਦੇ ਨਾਲ-ਨਾਲ ਦਫ਼ਤਰਾਂ 'ਚ ਆਪਣੇ ਕੰਮਾਂ-ਕਾਰਾਂ ਲਈ ਆਉਣ ਵਾਲੇ ਆਮ ਲੋਕਾਂ ਨੂੰ ਮੌਸਮ ਦੀ ਗਰਮੀ ਤੋਂ ਬਚਾਉਣਾ ਵੀ ਹੈ, ਇਸ ਲਈ ਕਰਮਚਾਰੀ ਜੇਕਰ ਸਮੇਂ ਸਿਰ ਆਪਣੀਆਂ ਸੀਟਾਂ 'ਤੇ ਨਹੀਂ ਬੈਠਣੇ ਤਾਂ ਇਸ ਨਾਲ ਆਮ ਲੋਕਾਂ ਨੂੰ ਮੁਸ਼ਕਿਲ ਦਾ ਸਾਹਮਣਾ ਕਰਨਾ ਪੈਂਦਾ ਹੈ।

ਸੰਗਰੂਰ ਵਾਸੀਆਂ ਦੀ ਚਿਰੋਕਣੀ ਮੰਗ ਐਸਟ੍ਰੋਟਰਫ਼ ਨੂੰ ਤਿੰਨ ਮਹੀਨਿਆਂ 'ਚ ਕਰਵਾਇਆ ਜਾਵੇਗਾ ਤਿਆਰ: ਵਿਧਾਇਕ ਭਰਾਜ

ਰਾਜ ਖ਼ੁਰਮੀ

ਸੰਗਰੂਰ, 26 ਮਈ : ਹਲਕਾ ਸੰਗਰੂਰ ਤੋਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਅੱਜ ਸਥਾਨਕ ਵਾਰ ਹੀਰੋਜ਼ ਸਟੇਡੀਅਮ ਵਿਖੇ ਹਾਕੀ ਮੈਦਾਨ ਨੂੰ ਆਧੁਨਿਕ ਐਸਟ੍ਰੋਟਰਫ਼ ਬਣਾਉਣ ਦੀ ਨੀਂਹ ਰੱਖੀ। ਇਸ ਮੌਕੇ ਬੋਲਦਿਆਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸੰਗਰੂਰ ਦੇ ਖੇਡ ਪ੍ਰੇਮੀਆਂ ਦੀ ਚਿਰਾਂ ਤੋਂ ਲਟਕ ਰਹੀ ਮੰਗ ਨੂੰ ਪੂਰਾ ਕਰਨ ਲਈ 72.22 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਜਾਣ ਵਾਲੇ ਵਿਸ਼ਵ ਪੱਧਰੀ ਐਸਟ੍ਰੋਟਰਫ਼ ਦੀ ਨੀਂਹ ਰੱਖ ਦਿੱਤੀ ਹੈ ਅਤੇ ਇਸ ਨੂੰ ਆਉਣ ਵਾਲੇ ਤਿੰਨ ਮਹੀਨਿਆਂ ਵਿੱਚ ਤਿਆਰ ਕਰਵਾਉਣ ਯਕੀਨੀ ਬਣਾਇਆ ਜਾਵੇਗਾ। ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮਾਨ ਸਰਕਾਰ ਸੂਬੇ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਲਈ ਲਗਾਤਾਰ ਉਸਾਰੂ ਗਤੀਵਿਧੀਆਂ ਕਰਵਾ ਰਹੀ ਹੈ ਅਤੇ ਨੌਜਵਾਨਾਂ ਨੂੰ ਵਿਸ਼ਵ ਪੱਧਰੀ ਖੇਡ ਸਹੂਲਤਾਂ ਮੁਹੱਈਆ ਕਰਵਾ ਰਹੀ ਹੈ ਜਿੱਥੇ ਉਨ੍ਹਾਂ ਨੂੰ ਨਸ਼ਿਆਂ ਵਰਗੀਆਂ ਭੈੜੀਆਂ ਅਲਾਮਤਾਂ ਤੋਂ ਬਚਾਇਆ ਜਾ ਸਕੇਗਾ ਉੱਥੇ ਹੀ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਉੱਪਰ ਪੰਜਾਬ ਦਾ ਨਾਂ ਚਮਕਾਉਣ ਵਿੱਚ ਇੱਕ ਵਧੀਆ ਖੇਡ ਮੰਚ ਮਿਲੇਗਾ। ਉਨ੍ਹਾਂ ਕਿਹਾ ਕਿ ਸੰਗਰੂਰ ਹਲਕੇ ਵਿੱਚ ਖਿਡਾਰੀਆਂ ਨੂੰ ਹਰ ਮੁੱਢਲੀ ਸਹੂਲਤ ਉਪਲਬਧ ਕਰਵਾਉਣੀ ਉਨ੍ਹਾਂ ਦਾ ਫ਼ਰਜ਼ ਹੈ ਜਿਸ ਨੂੰ ਪੂਰਾ ਕਰਨ ਲਈ ਉਹ ਲਗਾਤਾਰ ਕੋਸ਼ਿਸ਼ ਕਰਦੇ ਰਹਿੰਦੇ ਹਨ। ਇਸ ਮੌਕੇ ਐਸ. ਡੀ.ਐਮ. ਸੰਗਰੂਰ ਨਵਰੀਤ ਕੌਰ ਸੇਖੋਂ, ਐਕਸੀਅਨ ਲੋਕ ਨਿਰਮਾਣ ਵਿਭਾਗ ਕੇ.ਐਸ. ਸੰਧੂ, ਜ਼ਿਲ੍ਹਾ ਖੇਡ ਅਫ਼ਸਰ ਰਣਬੀਰ ਸਿੰਘ ਭੰਗੂ ਤੋਂ ਇਲਾਵਾ ਵੱਖ-ਵੱਖ ਖੇਡਾਂ ਦੇ ਕੋਚ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਤਿਗੁਰੂ ਕਬੀਰ ਜੀ ਦੇ ਪ੍ਰਗਟ ਦਿਵਸ ਸਮਾਗਮਾਂ ਦੀਆਂ ਤਿਆਰੀਆਂ ਸ਼ੁਰੂ, ਲੋੜੀਂਦੇ ਪ੍ਰਬੰਧਾਂ ਲਈ ਜ਼ਿੰਮੇਵਾਰੀਆਂ ਸੌਂਪੀਆਂ

ਨਿਰਮਲ ਸਿੰਘ, ਵਰਿੰਦਰ ਸ਼ਰਮਾ

ਜਲੰਧਰ, 26 ਮਈ : ਸਤਿਗੁਰੂ ਕਬੀਰ ਜੀ ਦੇ 4 ਜੂਨ ਨੂੰ ਮਨਾਏ ਜਾ ਰਹੇ ਪ੍ਰਗਟ ਦਿਵਸ ਅਤੇ 3 ਜੂਨ ਨੂੰ ਕੱਢੀ ਜਾਣ ਵਾਲੀ ਸ਼ੋਭਾ ਯਾਤਰਾ ਦੀਆਂ ਤਿਆਰੀਆਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਲੋਕ ਸਭਾ ਮੈਂਬਰ ਸੁਸ਼ੀਲ ਕੁਮਾਰ ਰਿੰਕੂ, ਕਰਤਾਰਪੁਰ ਤੋਂ ਵਿਧਾਇਕ ਬਲਕਾਰ ਸਿੰਘ ਅਤੇ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਵੱਲੋਂ ਅੱਜ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ ਦੌਰਾਨ ਲੋਕ ਸਭਾ ਮੈਂਬਰ, ਵਿਧਾਇਕ ਅਤੇ ਡਿਪਟੀ ਕਮਿਸ਼ਨਰ ਨੇ ਸਮਾਗਮਾਂ ਨੂੰ ਧਾਰਮਿਕ ਰੀਤੀ-ਰਿਵਾਜ਼ਾਂ ਅਨੁਸਾਰ ਮਨਾਉਣ ਅਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਬੰਧਤ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਨੂੰ ਵੱਖ-ਵੱਖ ਜ਼ਿੰਮੇਵਾਰੀਆਂ ਸੌਂਪਦਿਆਂ ਵਿਸਥਾਰਪੂਰਵਕ ਹਦਾਇਤਾਂ ਦਿੱਤੀਆਂ। ਸਮੁੱਚੇ ਪ੍ਰਬੰਧਾਂ ਨੂੰ ਸਮੇਂ ਸਿਰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੰਦਿਆਂ ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਸਾਰੇ ਇੰਤਜ਼ਾਮਾਂ ਦੀ ਵਿਅਕਤੀਗਤ ਤੌਰ 'ਤੇ ਨਿਗਰਾਨੀ ਕੀਤੀ ਜਾਵੇ ਤਾਂ ਜੋ ਸਮਾਗਮਾਂ ਵਿੱਚ ਸ਼ਾਮਲ ਹੋਣ ਵਾਲੇ ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ। ਸਮਾਗਮਾਂ ਦੌਰਾਨ ਸੁਰੱਖਿਆ ਦੇ ਪੁਖ਼ਤਾ ਇੰਤਜ਼ਾਮ ਕਰਨ ਦੀਆਂ ਹਦਾਇਤਾਂ ਦਿੰਦਿਆਂ ਉਨ੍ਹਾਂ ਪੁਲਿਸ ਅਧਿਕਾਰੀਆਂ ਨੂੰ ਲੋਕਾਂ ਦੀ ਸੁਵਿਧਾ ਲਈ ਰੂਟ ਪਲਾਨ ਵੀ ਤਿਆਰ ਕਰਨ ਲਈ ਕਿਹਾ ਤਾਂ ਜੋ ਸ਼ਰਧਾ ਯਾਤਰਾ ਦੌਰਾਨ ਆਉਣ-ਜਾਣ ਵਾਲੇ ਲੋਕਾਂ ਨੂੰ ਕੋਈ ਅਸੁਵਿਧਾ ਨਾ ਹੋਵੇ। ਉਨ੍ਹਾਂ ਪੀ.ਐਸ.ਪੀ.ਸੀ.ਐਲ. ਦੇ ਅਧਿਕਾਰੀਆਂ ਨੂੰ ਕਿਹਾ ਕਿ ਦੋਵੇਂ ਦਿਨ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ ਅਤੇ ਸ਼ੋਭਾ ਯਾਤਰਾ ਵਾਲੇ ਰੂਟ 'ਤੇ ਜੇਕਰ ਕਿਤੇ ਕੋਈ ਬਿਜਲੀ ਦੀਆਂ ਤਾਰਾਂ ਲਟਕ ਰਹੀਆਂ ਹਨ ਤਾਂ ਉਨ੍ਹਾਂ ਨੂੰ ਤੁਰੰਤ ਹਟਾਇਆ ਜਾਵੇ। ਇਸ ਦੌਰਾਨ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਵਿਸ਼ੇਸ਼ ਥਾਵਾਂ 'ਤੇ ਐਂਬੂਲੈਂਸਾਂ ਦੀ ਵਿਵਸਥਾ ਕਰਨ ਦੇ ਨਾਲ-ਨਾਲ ਲੋੜੀਂਦੀਆਂ ਦਵਾਈਆਂ ਅਤੇ ਮੈਡੀਕਲ ਟੀਮਾਂ ਤਾਇਨਾਤ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ। ਇਸ ਤੋਂ ਇਲਾਵਾ ਸਾਫ-ਸਫ਼ਾਈ, ਚੌਂਕਾਂ ਦੇ ਸੁੰਦਰੀਕਰਨ, ਪੀਣ ਵਾਲੇ ਪਾਣੀ, ਆਰਜੀ ਪਖਾਨੇ, ਪਾਰਕਿੰਗ, ਫਾਇਰ ਬ੍ਰਿਗੇਡ ਸਮੇਤ ਸਮੁੱਚੇ ਲੋੜੀਂਦੇ ਬੰਦੋਬਸਤ ਯਕੀਨੀ ਬਣਾਉਣ ਦੀਆਂ ਹਦਾਇਤਾਂ ਵੀ ਦਿੱਤੀਆਂ ਗਈਆਂ।

ਅਖੇ ! ਮੈਨੂੰ ਤਾਂ ਵਿਧਾਇਕ ਨੇ ਲਾਇਐ ਪੁਲਿਸ ਅਫ਼ਸਰ

ਜਸਪਾਲ ਸਿੰਘ

ਫਿਰੋਜ਼ਪੁਰ 26 ਮਈ: ਵਿਧਾਨ ਸਭਾ ਦੀਆਂ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾਵਾਂ ਨੇ ਪੰਜਾਬ ਅੰਦਰ ਸੱਤਾ ਹਥਿਆਉਣ ਲਈ ਲੋਕਾਂ 'ਚ ਆ ਕੇ ਇਕ ਗੱਲ ਉਤੇ ਬਹੁਤ ਜ਼ੋਰ ਦਿੱਤਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਉਪਰੰਤ ਪੰਜਾਬ ਪੁਲਿਸ ਜਾਂ ਸਿਵਲ ਪ੍ਰਸ਼ਾਸਨ ਨੂੰ ਅਜ਼ਾਦੀ ਦਿਤੀ ਜਾਵੇਗੀ @ਤੇ ਸਰਕਾਰੀ ਮਹਿਕਮਿਆਂ ਦਾ ਸਿਆਸੀ ਕਰਨ ਨਹੀ ਕੀਤਾ ਜਾਵੇਗਾ। ਪੁਲਿਸ ਪ੍ਰਸ਼ਾਸਨ ਜਾਂ ਸਿਵਲ ਪ੍ਰਸ਼ਾਸਨ ਦੇ ਕੰਮਕਾਜ 'ਚ ਕਿਸੇ ਵੀ ਵਿਧਾਇਕ ਜਾਂ ਉਨ੍ਹਾਂ ਦੇ ਨਿੱਜੀ ਰਿਸ਼ਤੇਦਾਰਾਂ ਦੀ ਦਖਲਅੰਦਾਜ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਦੂਜੇ ਪਾਸੇ ਪੰਜਾਬ ਪੁਲਿਸ ਦੀ ਅਫਸਰਸ਼ਾਹੀ 'ਤੇ ਸਤਾਧਾਰੀਆਂ ਦੀ ਜੀ-ਹਜ਼ੂਰੀ ਦਾ ਜਾਦੂ ਸਿਰ ਚੜ੍ਹ ਕੇ ਬੋਲਦਾ ਅਕਸਰ ਵੇਖਿਆ ਜਾਂਦਾ ਹੈ। ਕੁੱਝ ਪੰਜਾਬ ਪੁਲਿਸ ਦੀ ਅਫਸਰਸ਼ਾਹੀ ਆਪਣੇ ਫਰਜ਼ ਭੁੱਲ ਕੇ ਵੱਖ-ਵੱਖ ਸਟੇਜਾਂ 'ਤੇ ਲੋਕ ਮਿਲਣੀਆਂ 'ਚ ਬਿਆਨਬਾਜ਼ੀ ਕਰਕੇ ਆਪਣੇ ਅਕਾਵਾਂ ਨੂੰ ਖੁਸ਼ ਕਰਨ ਦੀਆ ਜੀ-ਤੋੜ ਕੋਸ਼ਿਸ਼ਾਂ ਕਰ ਰਹੇ ਹਨ। ਆਲਮ ਇਹ ਹੈ ਕਿ ਆਮ ਲੋਕ ਇਨਸਾਫ਼ ਦੀ ਉਮੀਦ ਰੱਖ ਕੇ ਪੁਲਿਸ ਪ੍ਰਸ਼ਾਸਨ ਦਾ ਦਰਵਾਜ਼ਾ ਖੜਕਾਉਂਦੀ ਹੈ। ਉਥੇ ਪੁਲਿਸ ਦਾ ਇੱਕ ਸ਼ਹਿਰੀ ਹਲਕੇ ਨਾਲ ਸਬੰਧਤ ਇੱਕ ਅਫਸਰ ਲੋਕਾਂ ਨੂੰ ਵਿਧਾਇਕ ਦੀ ਕੋਠੀ ਹਾਜ਼ਰੀ ਭਰਨ ਉਪਰੰਤ ਉਨ੍ਹਾਂ ਕੋਲ ਆਉਣ ਦੀਆਂ ਨਸੀਹਤਾਂ ਦੇ ਰਿਹਾ ਹੈ। ਸੋਸ਼ਲ ਮੀਡੀਆ ਉਪਰ ਵਾਇਰਲ ਇਕ ਵੀਡੀਓ ਦੌਰਾਨ ਅਜਿਹਾ ਹੀ ਇਕ ਮਾਮਲਾ ਫਿਰੋਜ਼ਪੁਰ ਤੋਂ ਸਾਹਮਣੇ ਆਇਆ ਹੈ। ਪੰਜਾਬ ਪੁਲਿਸ 'ਚ ਤਾਇਨਾਤ ਉਚ ਅਧਿਕਾਰੀ ਬੀਤੇ ਦਿਨ ਸ਼ੀਤਲਾ ਮਾਤਾ ਮੰਦਰ ਅੰਦਰ ਅਗਰਵਾਲ ਭਾਈਚਾਰੇ ਵੱਲੋਂ ਰੱਖੇ ਸੰਮੇਲਨ ਦੌਰਾਨ ਮੰਚ ਉਪਰੋਂ ਬੋਲਦੇ ਕਹਿ ਰਹੇ ਹਨ ਕਿ ਉਹ ਸ਼ਹਿਰੀ ਵਿਧਾਇਕ ਦੀ ਰਹਿਮੋ-ਕਰਮ ਕਾਰਨ ਹੀ ਡਿਊਟੀ ਉਤੇ ਤਾਇਨਾਤ ਹਨ। ਉਨ੍ਹਾਂ ਨੂੰ ਵਿਧਾਇਕ ਵੱਲੋਂ ਬਕਾਇਦਾ ਤੌਰ 'ਤੇ ਇਸ ਹਲਕੇ 'ਚ ਲਗਵਾਇਆ ਗਿਆ ਹੈ। ਜੇਕਰ ਆਮ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਹੋਵੇ ਉਹ ਵਿਧਾਇਕ ਨੂੰ ਮਿਲਣ ਅਤੇ ਫਿਰ ਮੈ ਉਨ੍ਹਾਂ ਦੀ ਹਰੇਕ ਮੁਸ਼ਕਿਲ ਦਾ ਹੱਲ ਕਰਾਂਗਾ। ਸੋਚਣ ਵਾਲੀ ਗੱਲ ਇਹ ਹੈ ਕਿ ਜੇਕਰ ਇਨਸਾਫ਼ ਦੇਣ ਵਾਲੀ ਅਫਸਰਸ਼ਾਹੀ ਸਿਆਸਤਦਾਨਾਂ ਦੇ ਹੱਥਾਂ ਦੀ ਕੱਟਪੁਤਲੀ ਬਣਕੇ ਰਹੇਗੀ ਤਾਂ ਲੋਕ ਇਨਸਾਫ਼ ਲੈਣ ਲਈ ਕਿੱਥੇ ਜਾਣਗੇ। ਇਸ ਸਬੰਧੀ ਐਸ.ਐਸ.ਪੀ ਫਿਰੋਜ਼ਪੁਰ ਭੁਪਿੰਦਰ ਸਿੰਘ ਸਿੱਧੂ ਨਾਲ ਫੋਨ 'ਤੇ ਗੱਲ ਕਰਨ ਦੀ ਕੋਸ਼ਿਸ਼ ਕੀਤੀ ਪਰ ਸੰਪਰਕ ਨਹੀਂ ਹੋ ਸਕਿਆ।

ਆਦਮਪੁਰ ਵਿਖੇ ਸੜਕ ਦਾ ਕੰਮ ਸ਼ੁਰੂ ਕਰਵਾਇਆ

ਕਰਮਵੀਰ ਸਿੰਘ

ਆਦਮਪੁਰ, 26 ਮਈ : ਵਿਧਾਨ ਸਭਾ ਹਲਕਾ ਆਦਮਪੁਰ ਅਧੀਨ ਪੈਂਦੇ ਵਾਰਡ ਨੰਬਰ 10 ਮੁਹੱਲਾ ਰਣਜੀਤ ਨਗਰ ਵਿੱਚ ਮੁੱਖ ਸੜਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ ਗਈ, ਜਿਸ 'ਤੇ ਕਰੀਬ 08 ਲੱਖ ਰੁਪਏ ਦੀ ਲਾਗਤ ਆਵੇਗੀ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਦਰਸ਼ਨ ਸਿੰਘ ਕਰਵਲ ਨੇ ਦੱਸਿਆ ਕਿ ਇਲਾਕੇ ਦੇ ਲੋਕ ਪਿਛਲੇ ਕਈ ਸਮੇਂ ਤੋਂ ਟੁੱਟੀ ਸੜਕ ਤੋਂ ਕਾਫੀ ਪ੍ਰੇਸ਼ਾਨ ਸਨ, ਸੜਕਾਂ ਦੀ ਹਾਲਤ ਬੇਹੱਦ ਤਰਸਯੋਗ ਬਣੀ ਹੋਈ ਸੀ। ਉਨ੍ਹਾਂ ਦੱਸਿਆ ਕਿ ਇਸ ਮੁੱਖ ਸੜਕ ਦੇ ਨਿਰਮਾਣ ਨਾਲ ਇਲਾਕਾ ਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਦੱਸਿਆ ਕਿ ਬਾਕੀ ਰਹਿੰਦੀਆਂ ਸ਼ਹਿਰ ਦੀਆਂ ਸੜਕਾਂ ਅਤੇ ਗਲੀਆਂ-ਨਾਲੀਆਂ ਨੂੰ ਜਲਦ ਤੋਂ ਜਲਦ ਪੱਕਾ ਕੀਤਾ ਜਾਵੇਗਾ ਅਤੇ ਲੋਕਾਂ ਨੂੰ ਜਿਹੜੀਆਂ ਵੀ ਮੁਸ਼ਕਿਲਾਂ ਆਉਣਗੀਆਂ ਉਹ ਲੋਕਾਂ ਵਿੱਚ ਰਹਿ ਕੇ ਲੋਕਾਂ ਨਾਲ ਖੜ੍ਹ ਕੇ ਹੱਲ ਕੀਤੀਆਂ ਜਾਣਗੀਆਂ। ਇਸ ਉਨ੍ਹਾਂ ਨਾਲ ਭੁਪਿੰਦਰ ਸਿੰਘ ਭਿੰਦਾ, ਪ੍ਰਿਅੰਕਾ ਅਗਰਵਾਲ ਹਾਜ਼ਰ ਸਨ।

ਫ਼ਰੀਦਕੋਟ ਦੇ ਇੱਕੋ ਸਕੂਲ ਦੀਆਂ ਦੋ ਸਹੇਲੀਆਂ ਨੇ ਦਸਵੀਂ 'ਚ ਸੂਬੇ 'ਚੋਂ ਪਹਿਲਾ ਤੇ ਦੂਜਾ ਸਥਾਨ ਹਾਸਲ ਕੀਤਾ

10ਵੀਂ ਦੇ ਨਤੀਜੇ 'ਚ ਪੇਂਡੂ ਖੇਤਰ ਦੇ ਸੰਤ ਮੋਹਨ ਦਾਸ ਸਕੂਲ ਨੇ ਮਾਰੀਆਂ ਮੱਲਾਂ

ਫੋਟੋ: ਵਿੱਕੀ ਬਾਲੀਵੁੱਡ

ਰੋਮੀ ਕਪੂਰ

ਕੋਟਕਪੂਰਾ, 26 ਮਈ: ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 10ਵੀਂ ਜਮਾਤ ਦੇ ਨਤੀਜਿਆਂ ਵਿੱਚ ਸੰਤ ਮੋਹਨ ਦਾਸ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ, ਪਿੰਡ ਕੋਟਸੁਖੀਆ, ਫ਼ਰੀਦਕੋਟ ਦੇ ਇੱਕੋ ਸੈਕਸ਼ਨ ਵਿੱਚ ਪੜ੍ਹਦੀਆਂ ਦੋ ਸਹੇਲੀਆਂ ਗਗਨਦੀਪ ਕੌਰ ਅਤੇ ਨਵਜੋਤ ਨੇ ਪੰਜਾਬ ਵਿੱਚੋਂ ਕ੍ਰਮਵਾਰ ਪਹਿਲਾ ਅਤੇ ਦੂਜਾ ਸਥਾਨ ਹਾਸਲ ਕਰਕੇ ਮਾਪਿਆਂ ਤੇ ਜਿਲ੍ਹਾ ਫਰੀਦਕੋਟ ਦਾ ਨਾਂ ਰੌਸ਼ਨ ਕੀਤਾ ਹੈ। ਪੜ੍ਹਾਈ ਦੇ ਨਾਲ-ਨਾਲ ਦੋਵੇਂ ਸਹੇਲੀਆਂ ਖੇਡਾਂ ਵਿਚ ਵੀ ਬਹੁਤ ਦਿਲਚਸਪੀ ਰੱਖਦੀਆਂ ਹਨ ਅਤੇ ਦੋਵੇਂ ਰਾਜ ਪੱਧਰ @ਤੇ ਕੈਰਮ ਵਿਚ ਗੋਲਡ ਮੈਡਲ ਜਿੱਤ ਚੁੱਕੀਆਂ ਹਨ। ਭਾਵੇਂ ਦੋਵੇਂ ਵਿਦਿਆਰਥਣਾਂ ਆਪਣੀ ਉਚੇਰੀ ਸਿੱਖਿਆ ਵਿਦੇਸ਼ ਤੋਂ ਹੀ ਕਰਨਾ ਚਾਹੁੰਦੀਆਂ ਹਨ ਪਰ ਵਿਦੇਸ਼ਾਂ ਵਿਚ ਪੜ੍ਹ ਕੇ ਪੰਜਾਬ ਅਤੇ ਦੇਸ਼ ਦੀ ਸੇਵਾ ਹੀ ਕਰਨਾ ਚਾਹੁੰਦੀਆਂ ਹਨ। ਇਸ ਨਤੀਜੇ ਦੀ ਸੂਚਨਾ ਮਿਲਦਿਆਂ ਹੀ ਸਕੂਲ ਵਿੱਚ ਜਸ਼ਨ ਦਾ ਮਾਹੌਲ ਬਣ ਗਿਆ ਅਤੇ ਸਾਰਿਆਂ ਨੇ ਇੱਕ ਦੂਜੇ ਨੂੰ ਵਧਾਈ ਦਿੱਤੀ। ਜਦੋਂ ਦੋਵੇਂ ਵਿਦਿਆਰਥਣਾਂ ਵੀ ਆਪਣੇ ਪਰਿਵਾਰਾਂ ਸਮੇਤ ਸਕੂਲ ਪੁੱਜੀਆਂ ਤਾਂ ਜ਼ਿਲ੍ਹਾ ਸਿੱਖਿਆ ਅਫ਼ਸਰ ਸਮੇਤ ਪ੍ਰਬੰਧਕੀ ਕਮੇਟੀ ਅਤੇ ਸਟਾਫ਼ ਮੈਂਬਰਾਂ ਨੇ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ। ਗਗਨਦੀਪ ਕੌਰ ਦੇ ਪਿਤਾ ਗੁਰਸੇਵਕ ਸਿੰਘ ਇੱਕ ਸਾਧਾਰਨ ਕਿਸਾਨ ਹਨ ਅਤੇ ਉਨ੍ਹਾਂ ਨੇ ਆਪਣੀ ਕਾਮਯਾਬੀ ਦਾ ਸਿਹਰਾ ਆਪਣੇ ਮਾਪਿਆਂ ਅਤੇ ਸਕੂਲ ਦੇ ਅਧਿਆਪਕਾਂ ਨੂੰ ਦਿੱਤਾ ਹੈ। ਗਗਨਦੀਪ ਕੌਰ ਦੀ ਬੈਂਕਿੰਗ ਪ੍ਰਣਾਲੀ ਵਿੱਚ ਦਿਲਚਸਪੀ ਹੈ, ਇਸ ਲਈ ਉਸਨੇ ਆਪਣੀ ਅਗਲੀ ਪੜ੍ਹਾਈ ਕਾਮਰਸ ਨਾਲ ਕਰਨ ਦਾ ਫੈਸਲਾ ਕੀਤਾ ਹੈ। ਇਸੇ ਤਰ੍ਹਾਂ 650 @ਚੋਂ 648 ਅੰਕ ਲੈ ਕੇ ਸੂਬੇ @ਚੋਂ ਦੂਸਰਾ ਸਥਾਨ ਹਾਸਲ ਕਰਨ ਵਾਲੀ ਨਵਜੋਤ ਵੀ ਇਕ ਸਾਧਾਰਨ ਕਿਸਾਨ ਪਰਿਵਾਰ ਦੀ ਬੇਟੀ ਹੈ ਅਤੇ ਨਾਨ-ਮੈਡੀਕਲ ਦੀ ਪੜ੍ਹਾਈ ਕਰਕੇ ਵਿਦੇਸ਼ ਤੋਂ ਇੰਜੀਨੀਅਰਿੰਗ ਦੀ ਪੜ੍ਹਾਈ ਕਰਨਾ ਚਾਹੁੰਦੀ ਹੈ। ਉਨ੍ਹਾਂ ਆਪਣੀ ਕਾਮਯਾਬੀ ਦਾ ਸਿਹਰਾ ਆਪਣੇ ਪਰਿਵਾਰ ਅਤੇ ਅਧਿਆਪਕਾਂ ਨੂੰ ਦਿੱਤਾ ਅਤੇ ਪ੍ਰਮਾਤਮਾ ਦਾ ਸ਼ੁਕਰਾਨਾ ਵੀ ਕੀਤਾ। ਗਗਨਦੀਪ ਕੌਰ ਦੇ ਪਿਤਾ ਗੁਰਸੇਵਕ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਪਹਿਲਾਂ ਹੀ ਉਮੀਦ ਸੀ ਕਿ ਉਨ੍ਹਾਂ ਦੀ ਧੀ ਪੜ੍ਹਾਈ ਵਿੱਚ ਮੱਲਾਂ ਮਾਰੇਗੀ ਅਤੇ ਉਨ੍ਹਾਂ ਦੀ ਇਸ ਕਾਮਯਾਬੀ ਨੇ ਉਨ੍ਹਾਂ ਦੇ ਪਰਿਵਾਰ ਦਾ ਮਾਣ ਵਧਾਇਆ ਹੈ। ਉਨ੍ਹਾਂ ਕਿਹਾ ਕਿ ਬੇਟੀ ਪੜ੍ਹਾਈ ਦੇ ਨਾਲ-ਨਾਲ ਗੋਲਡ ਮੈਡਲ ਜੇਤੂ ਹੈ। ਬੇਟੀ ਨੇ ਵਿਦੇਸ਼ @ਚ ਪੜ੍ਹਾਈ ਕਰਨ ਤੋਂ ਬਾਅਦ ਪੰਜਾਬ @ਚ ਕਾਰੋਬਾਰ ਕਰਨ ਦਾ ਮਨ ਬਣਾ ਲਿਆ ਹੈ। ਨਵਜੋਤ ਦੇ ਪਿਤਾ ਵਿਜੇ ਕੁਮਾਰ ਨੇ ਕਿਹਾ ਕਿ ਬੇਟੀ ਦੀ ਮਿਹਨਤ ਰੰਗ ਲਿਆਈ ਹੈ ਅਤੇ ਪਰਿਵਾਰ ਦਾ ਨਾਂ ਵੀ ਰੌਸ਼ਨ ਕੀਤਾ ਹੈ। ਇਸ ਕਾਮਯਾਬੀ ਲਈ ਸਕੂਲ ਦੇ ਅਧਿਆਪਕਾਂ ਨੇ ਵੀ ਵੱਡਾ ਯੋਗਦਾਨ ਪਾਇਆ ਹੈ। ਜ਼ਿਲ੍ਹਾ ਸਿੱਖਿਆ ਅਫ਼ਸਰ ਨੀਲਮ ਰਾਣੀ ਨੇ ਵੀ ਵਿਦਿਆਰਥਣਾਂ ਦੀ ਇਸ ਕਾਮਯਾਬੀ @ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਿੱਖਿਆ ਵਿਭਾਗ ਅਤੇ ਪੰਜਾਬ ਸਰਕਾਰ ਦੀ ਤਰਫ਼ੋਂ ਵਿਦਿਆਰਥਣਾਂ, ਮਾਪਿਆਂ ਅਤੇ ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ । ਸਕੂਲ ਦੇ ਪ੍ਰਬੰਧਕ ਰਾਜ ਕੁਮਾਰ ਥਾਪਰ ਨੇ ਵੀ ਸ਼ਾਨਦਾਰ ਨਤੀਜੇ @ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਸਫਲਤਾ ਦਾ ਸਿਹਰਾ ਬੱਚਿਆਂ ਅਤੇ ਸਮੂਹ ਅਧਿਆਪਕਾਂ ਦੀ ਸਖ਼ਤ ਮਿਹਨਤ ਨੂੰ ਦਿੱਤਾ । ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸੰਸਥਾ ਨੇ ਪਿਛਲੇ ਸਾਲਾਂ ਦੌਰਾਨ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਵੀ ਸ਼ਾਨਦਾਰ ਨਤੀਜੇ ਹਾਸਲ ਕੀਤੇ ਹਨ। ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸੁਖਜੀਤ ਸਿੰਘ ਢਿਲਵਾਂ ਵੀ ਸਕੂਲ ਪਹੁੰਚੇ ਅਤੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੀ ਤਰਫੋਂ ਵਿਦਿਆਰਥਣਾਂ, ਉਨ੍ਹਾਂ ਦੇ ਮਾਪਿਆਂ ਅਤੇ ਸਕੂਲ ਮੈਨੇਜਮੈਂਟ ਨਾਲ ਖੁਸ਼ੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਉਹ ਬਹੁਤ ਖੁਸ਼ ਹਨ ਅਤੇ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਨ ਕਿ ਇਹ ਵਿਦਿਆਰਥਣਾਂ ਚੰਗੀ ਤਰੱਕੀ ਕਰਨ।